SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | **Vol 22* Issue 22** | **Wednesday, February 01, 2023** | **Tel: 905-793-2202 | Fax: 905-793-2282 | news@punjabipost.ca** | *ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ*

## ਪਾਇਲਟਾਂ ਦੀ ਘਾਟ ਕਾਰਨ ਕੈਨੇਡਾ ਵਿੱਚ ਏਅਰ ਟਰੈਵਲ ਹੋਇਆ ਹੋਰ ਵੀ ਮੁਸ਼ਕਿਲ



ਓਟਵਾ, 31 ਜਨਵਰੀ (ਪੋਸਟ ਬਿਊਰੋ) : ਮਹਾਂਮਾਰੀ ਕਾਰਨ ਟਰੈਵਲ ਸਬੰਧੀ ਲੱਗੀਆਂ ਪਾਬੰਦੀਆਂ ਹੋਣ ਜਾਂ ਖਰਾਬ ਮੌਸਮ ਕਾਰਨ ਹੋਣ ਵਾਲੀ ਗੜਬੜੀ ਕੈਨੇਡਾ ਦੀ ਟਰੈਵਲ ਹਿਸਟਰੀ ਵਿੱਚ ਕਈ ਉਤਰਾਅ ਚੜ੍ਹਾਅ ਦਰਜ ਕੀਤੇ ਗਏ ਹਨ। ਹੁਣ ਜਦੋਂ ਮਹਾਂਮਾਰੀ ਇੱਕ ਵਾਰੀ ਖ਼ਤਮ ਹੋ ਚੁੱਕੀ ਹੈ ਤਾਂ ਅਜਿਹੇ ਵਿੱਚ ਟਰੈਵਲ ਦੀ ਮੰਗ ਵੀ ਵੱਧ ਗਈ ਹੈ। ਪਰ ਹੁਣ ਯੋਗ ਪਾਇਲਟਾਂ ਦੀ ਘਾਟ ਦਾ ਮੁੱਦਾ ਮੂੰਹ ਅੱਡੀ ਖੜ੍ਹਾ ਹੈ।

ਟੋਰਾਂਟੋ ਪੋਰਟ ਕੈਨੇਡਾ ਅਨੁਸਾਰ ਮਹਾਂਮਾਰੀ ਤੋਂ ਪਹਿਲਾਂ ਵਾਲੇ ਸਾਲ ਵਿੱਚ ਅੰਦਾਜ਼ਨ 1100 ਪਾਇਲਟ ਲਾਇਸੰਸ ਜਾਰੀ ਕੀਤੇ ਗਏ।ਇਨ੍ਹਾਂ ਦੇ ਨਾਲ ਵਿਦੇਸ਼ਾਂ ਤੋਂ ਸਿਖਲਾਈ ਪ੍ਰਾਪਤ ਪਾਇਲਟਾਂ ਦੇ ਜੁੜ ਜਾਣ ਨਾਲ ਵੈਸਟਜੈਟ ਤੇ ਏਅਰ ਕੈਨੇਡਾ ਸਮੇਤ ਇਹ ਕੈਰੀਅਰਜ਼ ਦੀਆਂ ਲੋੜਾਂ ਪੂਰੀਆਂ ਕਰਨ ਲਈ ਕਾਫੀ ਸਨ। ਪਰ 2020 ਵਿੱਚ ਉਡਾਨਾਂ ਦੀ ਮੰਗ ਘਟਣ ਨਾਲ ਹੀ ਨਵੇਂ ਪਾਇਲਟਾਂ ਦੀ ਗਿਣਤੀ ਵੀ ਘੱਟ ਗਈ। ਸਰਕਾਰੀ ਅੰਕੜਿਆਂ ਅਨੁਸਾਰ 2020 ਵਿੱਚ 500 ਤੋਂ ਵੀ ਘੱਟ ਲਾਇਸੰਸ ਜਾਰੀ ਕੀਤੇ ਗਏ। 2021 ਵਿੱਚ 300 ਲਾਇਸੰਸ ਤੇ ਪਿਛਲੇ ਸਾਲ 238 ਲਾਇਸੰਸ ਜਾਰੀ ਕੀਤੇ ਗਏ।

ਵਿਭਾਗ ਨੇ ਦੱਸਿਆ ਕਿ ਏਅਰਲਾਈਨ ਸੈਕਟਰ ਵਿੱਚ ਲੇਬਰ ਦੀ ਘਾਟ ਦਾ ਮੁੱਦਾ ਮੁੱਖ ਤੌਰ ਉੱਤੇ ਛਾਇਆ ਹੋਇਆ ਹੈ ਤੇ ਨਿਯਮਾਂ ਵਿੱਚ ਕਿਸੇ ਤਰ੍ਹਾਂ ਦੀ ਢਿੱਲ ਬਰਦਾਸ਼ਤ ਨਹੀਂ ਕੀਤੀ ਜਾ ਸਕਦੀ। ਪਰ ਏਜੰਸੀ ਦਾ ਕਹਿਣਾ ਹੈ ਕਿ ਕੈਨੇਡੀਅਨ ਫਲਾਈਟ ਟਰੇਨਿੰਗ ਇੰਡਸਟਰੀ ਵਿੱਚ ਮੁਕਾਬਲੇਬਾਜ਼ੀ ਨੂੰ ਵਧਾਉਣ ਲਈ ਹਰ ਹੀਲਾ ਵਰਤਿਆ ਜਾ ਰਿਹਾ ਹੈ।ਇਸ ਇੰਡਸਟਰੀ ਵਿੱਚ ਆਉਣ ਵਾਲੀਆਂ ਤਬਦੀਲੀਆਂ ਨਾਲ ਨੇੜ ਭਵਿੱਖ ਵਿੱਚ ਸ਼ਾਇਦ ਹੀ ਕੋਈ ਮਦਦ ਮਿਲ ਸਕੇ। ਟਰੈਵਲਰਜ਼ ਨੂੰ ਵੀ ਇੰਡਸਟਰੀ ਵਿੱਚ ਲੇਬਰ ਦੀ ਇਸ ਘਾਟ ਦਾ ਸਵਾਦ ਵੇਖਣਾ ਪੈ ਰਿਹਾ ਹੈ।

ਇਸ ਦੌਰਾਨ ਤਜਰਬੇਕਾਰ ਪਾਇਲਟਾਂ ਦੀਆਂ ਤਨਖਾਹਾਂ ਵੀ ਤੇਜ਼ੀ ਨਾਲ ਵਧੀਆਂ ਹਨ। ਵੱਡੀਆਂ ਏਅਰਲਾਈਨਜ਼ ਵੱਲੋਂ ਇਸ ਗੱਲ ਦਾ ਲਾਹਾ ਲਿਆ ਜਾ ਰਿਹਾ ਹੈ। ਪਾਇਲਟ ਵੀ ਆਪਣੀ ਪਸੰਦ ਮੁਤਾਬਕ ਏਅਰਲਾਈਨ ਦੀ ਚੋਣ ਕਰ ਰਹੇ ਹਨ। ਇਸ ਨਾਲ ਹੋਰਨਾਂ ਥਾਂਵਾਂ ਉੱਤੇ ਲੇਬਰ ਦੀ ਘਾਟ ਵੀ ਮਹਿਸੂਸ ਹੋ ਰਹੀ ਹੈ।ਏਅਰ ਟਰਾਂਸਪੋਰਟ ਐਸੋਸਿਏਸ਼ਨ ਆਫ ਕੈਨੇਡਾ ਦੇ ਹੈੱਡ ਦਾ ਕਹਿਣਾ ਹੈ ਕਿ ਇਹ ਦਿੱਕਤ ਤਾਂ ਕਈ ਸਾਲਾਂ ਤੋਂ ਚੱਲ ਰਹੀ ਹੈ ਤੇ ਇਹ ਮਹਾਂਮਾਰੀ ਤੋਂ ਪਹਿਲਾਂ ਤੋਂ ਹੈ।

## ਹੈਰਾਨ ਕਰਨ ਵਾਲੇ ਹਨ ਕੁਆਰਨਟੀਨ ਹੋਟਲਾਂ ਉੱਤੇ ਫੈਡਰਲ ਸਰਕਾਰ ਵੱਲੋਂ ਕੀਤੇ ਗਏ ਖਰਚੇ : ਗਾਰਨਰ

ਓਟਵਾ, 31 ਜਨਵਰੀ (ਪੋਸਟ ਬਿਊਰੋ) : ਕੰਜ਼ਰਵੇਟਿਵ ਐਮਪੀ ਮਿਸ਼ੇਲ ਰੈਂਪਲ ਗਾਰਨਰ ਨੇ ਆਖਿਆ ਕਿ ਤਥਾ ਕਥਿਤ ਕੋਵਿਡ-19 ਕੁਆਰਨਟੀਨ ਹੋਟਲਾਂ ਉੱਤੇ ਫੈਡਰਲ ਸਰਕਾਰ ਵੱਲੋਂ ਕੀਤੇ ਗਏ ਖਰਚੇ ਚਿੰਤਾ ਦਾ ਵਿਸ਼ਾ ਹਨ। ਗਾਰਨਰ ਨੇ ਆਖਿਆ ਕਿ 2022 ਵਿੱਚ ਕੈਲਗਰੀ ਦੇ ਹੋਟਲ ਵਿੱਚ ਕੀਤਾ ਗਿਆ ਇਸ ਤਰ੍ਹਾਂ ਦਾ ਖਰਚਾ ਹੈਰਾਨ ਕਰਨ ਵਾਲਾ ਹੈ।

ਨਵੰਬਰ ਵਿੱਚ ਵਿੱਤੀ ਵਰ੍ਹੇ 2022 ਲਈ ਰੈਂਪਲ ਵੱਲੋਂ ਇੱਕ ਸਵਾਲ ਸਰਕਾਰ ਤੋਂ ਪੁੱਛਿਆ ਗਿਆ ਸੀ ਤੇ ਇਸ ਦੇ ਜਵਾਬ ਵਿੱਚ ਪਤਾ ਲੱਗਿਆ ਕਿ ਵੈਸਟਿਨ ਕੈਲਗਰੀ ਏਅਰਪੋਰਟ ਹੋਟਲ ਨੂੰ ਕੁਆਰਨਟੀਨ ਫੈਸਿਲਿਟੀ ਵਜੋਂ ਵਰਤਣ ਲਈ ਫੈਡਰਲ ਸਰਕਾਰ ਵੱਲੋਂ 6,790,717.46 ਡਾਲਰ ਖਰਚ ਕੀਤੇ ਗਏ। 2022 ਵਿੱਚ ਇਸੇ ਹੋਟਲ ਵਿੱਚ 15 ਲੋਕਾਂ ਨੂੰ ਕੁਆਰਨਟੀਨ ਕੀਤਾ ਗਿਆ ਤੇ ਪ੍ਰਤੀ ਵਿਅਕਤੀ ਖਰਚਾ 452,714.50 ਡਾਲਰ ਪਿਆ।

ਗਾਰਨਰ ਨੇ ਆਖਿਆ ਕਿ ਸਰਕਾਰ ਵੱਲੋਂ ਕੀਤੀ ਜਾਣ ਵਾਲੀ ਬਰਬਾਦੀ ਹਮੇਸ਼ਾਂ ਹੀ ਵੱਡੀ ਦਿੱਕਤ ਰਹੀ ਹੈ। ਪਰ ਮਹਿੰਗਾਈ ਦੇ ਇਸ ਦੌਰ ਵਿੱਚ ਇਸ ਤਰ੍ਹਾਂ ਦੀ ਬਰਬਾਦੀ ਸਹੀ ਨਹੀਂ ਤੇ ਅਜਿਹਾ ਵੀ ਨਹੀਂ ਲੱਗਦਾ ਕਿ ਇਸ ਉੱਤੇ ਲਗਾਮ



ਲਾਉਣ ਲਈ ਟਰੂਡੋ ਦੀ ਕੋਈ ਇੱਛਾ ਹੈ। ਰੈਂਪਲ ਨੇ ਦੱਸਿਆ ਕਿ ਵੈਸਟਿਨ ਕੈਲਗਰੀ ਏਅਰਪੋਰਟ ਹੋਟਲ 22 ਜੂਨ, 2020 ਤੋਂ 30 ਅਕਤੂਬਰ, 2022 ਤੱਕ ਕੁਆਰਨਟੀਨ ਫੈਸਿਲਿਟੀ ਰਿਹਾ। ਇਹ ਜਾਣਕਾਰੀ ਪਬਲਿਕ ਹੈਲਥ ਏਜੰਸੀ ਆਫ ਕੈਨੇਡਾ (ਪੀਐਚਏਸੀ) ਵੱਲੋਂ ਦਿੱਤੀ ਗਈ।

ਢਾਈ ਸਾਲ ਦੇ ਅਰਸੇ ਵਿੱਚ ਹੋਟਲ ਵਿੱਚ 1490 ਲੋਕਾਂ ਨੂੰ ਕੁਆਰਨਟੀਨ ਕੀਤਾ ਗਿਆ ਤੇ ਇਸ ਬਦਲੇ 18,000 ਡਾਲਰ ਪ੍ਰਤੀ ਵਿਅਕਤੀ ਦੇ ਹਿਸਾਬ ਨਾਲ ਹੋਟਲ ਨੇ 27 ਮਿਲੀਅਨ ਡਾਲਰ ਦੇ ਨੇੜੇ ਤੇੜੇ ਕਮਾਈ ਕੀਤੀ।ਇੱਥੇ ਦੱਸਣਾ ਬਣਦਾ ਹੈ ਕਿ ਫੈਡਰਲ ਸਰਕਾਰ ਦੀ ਹੋਟਲ ਕੁਆਰਨਟੀਨ ਕੀਤੇ ਜਾਣ ਦੀ ਸ਼ਰਤ ਅਗਸਤ 2021 ਵਿੱਚ ਖ਼ਤਮ ਹੋ ਗਈ। ਪਰ ਇਨ੍ਹਾਂ ਹੋਟਲਾਂ ਨਾਲ ਕੀਤੇ ਗਏ ਕਾਂਟਰੈਕਟ ਫਿਰ ਵੀ ਜਾਰੀ ਰਹੇ ਤੇ ਸਰਕਾਰ ਨੇ ਇਸ ਖਰਚੇ ਉੱਤੇ ਰੋਕ ਲਾਉਣ ਲਈ ਕੁੱਝ ਨਹੀਂ ਕੀਤਾ। ਉਨ੍ਹਾਂ ਆਖਿਆ ਕਿ ਹੁਣ ਜਦੋਂ ਅਸੀਂ ਇਸ ਤਰ੍ਹਾਂ ਦੇ ਖਰਚਿਆਂ ਕਾਰਨ ਲੋੜੋਂ ਵੱਧ ਮਹਿੰਗਾਈ ਵਿੱਚੋਂ ਲੰਘ ਰਹੇ ਹਾਂ ਤਾਂ ਇਸ ਨਾਲ ਕਈ ਤਰ੍ਹਾਂ ਦੇ ਸਵਾਲ ਉੱਠਦੇ ਹਨ ਕਿ ਇਸ ਤੋਂ ਇਲਾਵਾ ਸਰਕਾਰ ਵੱਲੋਂ ਅਜਿਹੇ ਕਿੰਨੇ ਕੁਪ੍ਰਬੰਧ ਕੀਤੇ ਗਏ ਸਨ ਜਿਹੜੇ ਅਜੇ ਸਾਹਮਣੇ ਆਉਣੇ ਬਾਕੀ ਹਨ।

ਮੰਗਲਵਾਰ ਨੂੰ ਹਾਊਸ ਆਫ ਕਾਮਨਜ਼ ਵਿੱਚ ਗਾਰਨਰ ਨੇ ਸਿਹਤ ਮੰਤਰੀ ਜੀਨ ਯਵੇਸ ਡਕਲਸ ਤੋਂ ਇਸ ਬਾਰੇ ਸਵਾਲ ਪੁੱਛਿਆ ਤਾਂ ਉਨ੍ਹਾਂ ਆਖਿਆ ਕਿ ਕੋਵਿਡ-19 ਦੌਰਾਨ ਅਸੀਂ ਬੇਹੱਦ ਦਰਦ ਮਹਿਸੂਸ ਕੀਤਾ ਹੈ ਤੇ ਅਣਗਿਣਤ ਲੋਕਾਂ ਦੀਆਂ ਮੌਤਾਂ ਵੇਖੀਆਂ ਹਨ।ਇਸ ਲਈ ਸਾਡੀ ਮੁੱਖ ਜ਼ਿੰਮੇਵਾਰੀ ਲੋਕਾਂ ਦੀਆਂ ਜਾਨਾਂ ਬਚਾਉਣਾ ਤੇ ਕੈਨੇਡੀਅਨਜ਼ ਦੀ ਸਿਹਤ ਦੀ ਹਿਫਾਜ਼ਤ ਕਰਨਾ ਹੈ। ਇਸੇ ਸਿਲਸਿਲੇ ਤਹਿਤ ਇਸ ਅਰਸੇ ਦੌਰਾਨ ਲੋਕਾਂ ਨੂੰ ਕੁਆਰਨਟੀਨ ਫੈਸਿਲਿਟੀਜ਼ ਵਿੱਚ ਵੀ ਰਹਿਣਾ ਪਿਆ। ਉਨ੍ਹਾਂ ਅੱਗੇ ਆਖਿਆ ਕਿ ਇਸ ਤਰ੍ਹਾਂ ਦੇ ਮਾਪਦੰਡ ਅਪਨਾਉਣ ਤੇ ਵੈਕਸੀਨੇਸ਼ਨ ਕਾਰਨ ਅਸੀਂ ਹਜ਼ਾਰਾਂ ਜ਼ਿੰਦਗੀਆਂ ਬਚਾਉਣ ਦੇ ਨਾਲ ਨਾਲ ਕਈ ਬਿਲੀਅਨ ਡਾਲਰ ਦੀ ਬਚਤ ਕਰਨ ਵਿੱਚ ਵੀ ਕਾਮਯਾਬ ਰਹੇ।

## ਮੈਰੀ ਐਨਜੀ ਖਿਲਾਫ ਐਥਿਕਸ ਕਮੇਟੀ ਵੱਲੋਂ ਸੁਣਾਏ ਫੈਸਲੇ ਦੀ ਜਾਂਚ ਕਰੇਗੀ ਪਾਰਲੀਆਮੈਂਟਰੀ ਕਮੇਟੀ

ਓਟਵਾ, 31 ਜਨਵਰੀ (ਪੋਸਟ ਬਿਊਰੋ) :ਪਾਰਲੀਆਮੈਂਟਰੀ ਕਮੇਟੀ ਨੇ ਇੰਟਰਨੈਸ਼ਨਲ ਟਰੇਡ ਮੰਤਰੀ ਮੈਰੀ ਐਨਜੀ ਖਿਲਾਫ ਪਿੱਛੇ ਜਿਹੇ ਐਥਿਕਸ ਕਮੇਟੀ ਵੱਲੋਂ ਸੁਣਾਏ ਗਏ ਫੈਸਲੇ ਦੀ ਜਾਂਚ ਦੇ ਪੱਖ ਵਿੱਚ ਵੋਟ ਪਾਈ।

ਕੰਜ਼ਰਵੇਟਿਵ ਐਥਿਕਸ ਕ੍ਰਿਟਿਕ ਮਾਈਕਲ ਬੈਰੇਟ ਨੇ ਹਾਊਸ ਆਫ ਕਾਮਨਜ਼ ਦੀ ਐਥਿਕਸ ਕਮੇਟੀ ਸਾਹਮਣੇ ਇਸ ਮਾਮਲੇ ਦੇ ਅਧਿਐਨ ਲਈ ਇੱਕ ਮਤਾ ਪੇਸ਼ ਕੀਤਾ। ਇਹ ਮਤਾ ਸਰਬਸੰਮਤੀ ਨਾਲ ਪਾਸ ਹੋ ਗਿਆ ਤੇ ਇਸ ਮਾਮਲੇ ਦੇ ਅਧਿਐਨ ਲਈ ਦੋ ਮੀਟਿੰਗਾਂ ਦਾ ਸਮਾਂ ਤੈਅ ਕੀਤਾ ਗਿਆ ਹੈ। ਜ਼ਿਕਰਯੋਗ ਹੈ ਕਿ ਦਸੰਬਰ ਵਿੱਚ ਫੈਡਰਲ ਐਥਿਕਸ ਕਮਿਸ਼ਨਰ ਵੱਲੋਂ ਇਹ ਫੈਸਲਾ ਸੁਣਾਇਆ ਗਿਆ ਸੀ ਕਿ ਐਨਜੀ ਦੇ ਆਫਿਸ ਵੱਲੋਂ 17000 ਡਾਲਰ ਦਾ ਕਾਂਟਰੈਕਟ ਆਪਣੀ ਦੋਸਤ ਨੂੰ ਦੇਣ ਸਮੇਂ ਕੌਨਫਲਿਕਟ ਆਫ ਇੰਟਰਸਟ ਐਕਟ ਦੀ ਉਲੰਘਣਾ ਕੀਤੀ ਗਈ ਸੀ।

ਕੰਜ਼ਰਵੇਟਿਵਾਂ ਵੱਲੋਂ ਇਸ ਸਬੰਧ ਵਿੱਚ ਮੁੱਢਲੀ ਸ਼ਿਕਾਇਤ ਦਰਜ ਕਰਵਾਕੇ ਇਹ ਆਖਿਆ ਗਿਆ ਸੀ ਕਿ ਐਨਜੀ ਖਿਲਾਫ ਮਿਲੀਆਂ ਲੱਭਤਾਂ ਤੋਂ ਇਹ ਸਿੱਧ



ਹੋ ਗਿਆ ਹੈ ਕਿ ਲਿਬਰਲਾਂ ਵੱਲੋਂ ਆਪਣੇ ਚਹੇਤਿਆਂ ਨੂੰ ਫਾਇਦੇ ਪਹੁੰਚਾਏ ਜਾਂਦੇ ਹਨ। ਪਰ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਵੱਲੋਂ ਇਸ ਤੋਂ ਇਨਕਾਰ ਕੀਤਾ ਗਿਆ। ਇੱਥੇ ਦੱਸਣਾ ਬਣਦਾ ਹੈ ਕਿ ਆਪਣੀ ਰਿਪੋਰਟ ਵਿੱਚ ਐਥਿਕਸ ਕਮਿਸ਼ਨਰ ਮਾਰੀਓ ਡਿਓਨ ਨੇ ਆਖਿਆ ਸੀ ਕਿ ਐਨਜੀ ਦੇ ਪਬਲਿਕ ਰਿਲੇਸ਼ਨਜ਼ ਫਰਮ ਪੌਂਪ ਐਂਡ ਸਰਕਮਸਟਾਂਸ ਦੀ ਸਹਿ ਬਾਨੀ ਅਮਾਂਡਾ ਐਲਵਾਰੋ ਨਾਲ ਚੰਗੇ ਸਬੰਧ ਹਨ ਤੇ ਇਹ ਕਰਾਰ ਇਸੇ ਦੋਸਤੀ ਨੂੰ ਅੱਗੇ ਲਿਜਾਣ ਲਈ ਕੀਤਾ ਗਿਆ। ਇਸ ਰਿਪੋਰਟ ਤੋਂ ਬਾਅਦ ਐਨਜੀ ਨੇ ਮੁਆਫੀ ਮੰਗਦਿਆਂ ਆਖਿਆ ਸੀ ਕਿ ਇਸ ਪ੍ਰਕਿਰਿਆ ਵਿੱਚ ਉਨ੍ਹਾਂ ਨੂੰ ਨਹੀਂ ਸੀ ਪੈਣਾ ਚਾਹੀਦਾ।ਐਥਿਕਸ ਕਮੇਟੀ ਵੱਲੋਂ ਐਨਜੀ ਤੇ ਐਲਵਾਰੋ ਨੂੰ ਆਪਣੇ ਸਾਹਮਣੇ ਪੇਸ਼ ਕਰਨ ਦੀ ਤਿਆਰੀ ਕੀਤੀ ਜਾ ਰਹੀ ਹੈ।

NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI
416.994.7272
www.allkindinsurance.com

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance
RANJIT GILL
Insurance Advisor
416-724-5000

GURBIR CHAHAL
Sales Representative
416.566.7605
gurbir.chahal@yahoo.com
ROYAL LEPAGE Flower City Realty Off : 905.230.3100

AUTO & HOME INSURANCE
- Super visa Insurance
- Life & Disability
- Critical illness
- RESP
- Visitor & Travel insurance
(416-845-1352)
Manwinder Mangat
Broker
Aaxel InsuranceBrokers Ltd.
1332 Khalsa Dr, Unit # 11, Mississauga, ON L5S 0A2

INSURANCE
- Home
- Auto
- Business
- Trucking
- Life Insurance
- Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

OURR HOME & APPLIANCES
ਪੂਰਾ ਇਸ਼ਤਿਹਾਰ ਪੰਨਾ 6 'ਤੇ ਦੇਖੋ
HURRY UP
LIMITED TIME OFFER
DEALS LIKE NEVER BEFORE
OURR PRICES ARE THE BEST
BEST DEALS ON LUXURY KITCHEN APPLIANCES
WE CARRY ALL MAJOR BRANDS
UNBOXED UNITS & NEW IN BOX UNITS AVAILABLE
100% CUSTOMER SATISFACTION
KitchenAid moffat MAYTAG LG Electrolux JENNAIR GE AMANA BOSCH Whirlpool SAMSUNG FRIGIDAIRE CAPITAL
UNIT #1, 241 CLARENCE ST BRAMPTON, ON L6W 3E7 (416) 551 3343
44 FASKEN DR. #2-9 ETOBICKOKE, ON M9W 5M8 (416) 792-0877
UNIT #6 410 LEWIS RD, STONEY CREEK, ON L8E 5Y7 (905) 643 0818
UNIT #4 -1540 FANSHAWE PARK ROAD WEST LONDON, ON N6H 5L8 (519) 641-1010
5781 HIGHWAY 7 UNIT 10, VAUGHAN, ON L4L 178 (416) 477 5556
1050 SPEERS ROAD, OAKVILLE, ON, L6L 2X4 (416) 613 0555
416-551-5553
WWW.OURRHOMEAPPLIANCES.COM

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill
Certified & Licenced Exterminator

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types | Walkie pallet Low Lift | Electric Motor Narrow Aisle Reach | Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

KELLEY LAW OFFICE
- Immigration
- Family Law
- Corporate
- Real Estate
- Business Closing
- Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Cockroaches
- Spiders & Fleas
- Carpenter Ants
- Bedbugs
- Silver Fish
- Wasps
- Racoons
Call : PARESH PATEL
(Government Approved Licensed Technician)
416 938 4598

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc.
Advice you can bank on.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
- Real Estate Law
- Wills & Estates
- Power of Attorney
- Affidavits Notarization / Declaration
- Business Law
- Family Law
- Civil Litigation
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਆਪਣੇ ਹਾਊਸ ਬ੍ਰੈਂਡ ਨਾਲ ਜੁੜੀਆਂ ਵਸਤਾਂ ਦੀਆਂ ਕੀਮਤਾਂ ਉੱਤੇ ਲਾਈ ਰੋਕ ਨੂੰ ਜਾਰੀ ਨਹੀਂ ਰੱਖ ਸਕੇਗੀ ਲੋਬਲਾਅ

ਓਟਵਾ, 31 ਜਨਵਰੀ (ਪੋਸਟ ਬਿਊਰੋ) : ਆਪਣੇ ਹਾਊਸ ਬ੍ਰੈਂਡ ਨਾਲ ਜੁੜੀਆਂ ਵਸਤਾਂ ਦੀਆਂ ਕੀਮਤਾਂ ਉੱਤੇ ਲਾਈ ਗਈ ਰੋਕ ਨੂੰ ਲੋਬਲਾਅ ਅੱਗੇ ਜਾਰੀ ਨਹੀਂ ਰੱਖ ਸਕੇਗੀ। ਇਹ ਖੁਲਾਸਾ ਮੰਗਲਵਾਰ ਨੂੰ ਕੈਨੇਡਾ ਦੇ ਸੱਭ ਤੋਂ ਵੱਡੇ ਗ੍ਰੌਸਰੀ ਰਿਟੇਲਰ ਵੱਲੋਂ ਕੀਤਾ ਗਿਆ।

ਲੋਬਲਾਅ ਕੰਪਨੀਜ਼ ਲਿਮਟਿਡ ਨੇ ਮੰਗਲਵਾਰ ਨੂੰ ਇਸ ਗੱਲ ਦੀ ਪੁਸ਼ਟੀ ਕੀਤੀ ਕਿ ਨੋ ਨੇਮ ਪ੍ਰੋਡਕਟਸ ਦੀਆਂ ਕੀਮਤਾਂ ਉੱਤੇ ਲਾਈ ਗਈ ਰੋਕ ਮੰਗਲਵਾਰ ਤੋਂ ਬਾਅਦ ਖ਼ਤਮ ਹੋ ਜਾਵੇਗੀ ਤੇ ਇਸ ਵਿੱਚ ਕੋਈ ਵਾਧਾ ਨਹੀਂ ਕੀਤਾ ਜਾਵੇਗਾ। ਅਕਤੂਬਰ ਵਿੱਚ ਕੰਪਨੀ ਵੱਲੋਂ ਇਹ ਐਲਾਨ ਕੀਤਾ ਗਿਆ ਸੀ ਕਿ ਉਹ ਆਪਣੇ ਹਾਊਸ ਬ੍ਰੈਂਡ ਦੀਆਂ ਕੀਮਤਾਂ ਉੱਤੇ ਤਿੰਨ ਮਹੀਨਿਆਂ ਲਈ ਪਾਬੰਦੀ ਲਾਉਣ ਜਾ ਰਹੀ ਹੈ। ਇਨ੍ਹਾਂ ਵਿੱਚ 1500 ਗ੍ਰੌਸਰੀ ਨਾਲ ਸਬੰਧਤ ਵਸਤਾਂ ਸਨ। ਕੰਪਨੀ ਨੇ



ਗ੍ਰੌਸਰੀ ਦੀਆਂ ਆਸਮਾਨ ਛੂੰਹਦੀਆਂ ਕੀਮਤਾਂ ਦੇ ਮੱਦੇਨਜ਼ਰ 31 ਜਨਵਰੀ ਤੱਕ ਕੀਮਤਾਂ ਵਿੱਚ ਵਾਧੇ ਉੱਤੇ ਰੋਕ ਲਾਈ ਸੀ।

ਇਨ੍ਹਾਂ ਕੀਮਤਾਂ ਉੱਤੇ ਰੋਕ ਦੌਰਾਨ ਜਿਨ੍ਹਾਂ ਕੈਨੇਡੀਅਨਜ਼ ਨੇ ਹੋਰਨਾਂ ਵੱਡੇ ਬ੍ਰਾਂਡਾ ਦੀ ਥਾਂ ਉੱਤੇ ਨੋ ਨੇਮ ਬ੍ਰਾਂਡ ਦੀਆਂ ਚੀਜ਼ਾਂ ਖਰੀਦੀਆਂ ਉਨ੍ਹਾਂ ਨੂੰ ਕਈ ਮਿਲੀਅਨ ਡਾਲਰ ਦੀ ਬਚਤ ਹੋਈ। ਕੰਪਨੀ ਨੇ ਇਹ ਵੀ ਆਖਿਆ ਕਿ ਇਸ ਦੌਰਾਨ ਖਾਣ ਪੀਣ ਦੀਆਂ ਚੀਜ਼ਾਂ ਦੀਆਂ ਕੀਮਤਾਂ ਵੱਧਦੀਆਂ ਰਹੀਆਂ ਤੇ ਸਾਡੀਆਂ ਸ਼ੈਲਫਾਂ ਨੂੰ ਭਰ ਕੇ ਰੱਖਣ ਦਾ ਖਰਚਾ ਵੀ ਮਹੀਨਾ ਦਰ ਮਹੀਨਾ ਵੱਧਦਾ ਰਿਹਾ। ਕੰਪਨੀ ਦਾ ਇਹ ਵੀ ਕਹਿਣਾ ਹੈ ਕਿ ਜਿੰਨਾਂ ਸੰਭਵ ਹੋ ਸਕੇਗਾ ਅਸੀਂ ਨੋ ਨੇਮ ਦੀਆਂ ਕੀਮਤਾਂ ਉੱਤੇ ਨਕੇਲ ਕੱਸ ਕੇ ਰੱਖਾਂਗੇ ਤੇ ਇਸ ਸਾਲ ਵੀ ਲੋਕ ਨੋ ਨੇਮ ਦੀਆਂ ਚੀਜ਼ਾਂ ਖਰੀਦ ਕੇ ਆਪਣੇ ਪੈਸੇ ਦੀ ਵੱਡੀ ਬਚਤ ਕਰ ਸਕਣਗੇ।

## ਅੱਜ ਨਾਮਾ

ਸਾਬਕਾ ਮੰਤਰੀ ਘਿਰੇ ਕਈ ਬਹੁਤ ਡਾਢੇ,
ਸੰਮਣ ਪੇਸ਼ੀ ਦੇ ਆਉਂਦੇ ਨੇ ਨਿੱਤ ਬੇਲੀ।
ਪਹਿਲੀ ਪੇਸ਼ੀ ਤੋਂ ਹੁੰਦੇ ਈ ਜਦੋਂ ਵਿਹਲੇ,
ਨਾਲੇ ਈ ਮਿਲ ਜਾਂਦੀ ਨਵੀਂ ਥਿੱਤ ਬੇਲੀ।
ਸੁੱਤੇ ਪਿਆਂ ਵੀ ਸੰਮਣ ਨੇ ਯਾਦ ਆਉਂਦੇ,
ਕਰਦਾ ਰੋਟੀਨਾ ਖਾਣ ਲਈ ਚਿੱਤ ਬੇਲੀ।
ਚੂਹੇ-ਬਿੱਲੀ ਦੀ ਖੇਡ ਜਿਹੀ ਬਣੀ ਡਾਢੀ,
ਹੋਣੀ ਪਤਾ ਨਾ ਕਿਹਦੀ ਆ ਜਿੱਤ ਬੇਲੀ।
ਮਿਲਣਾ ਛੱਡ ਗਏ ਸਾਰੇ ਹੀ ਯਾਰ ਬੇਲੀ,
ਆਵੇ ਲੈਣ ਕੋਈ ਖਬਰ ਨਾ ਸਾਰ ਬੇਲੀ।
ਵਕਤ ਖਾਣ ਦੇ ਹਿੱਸੇ ਸੀ ਲੈਣ ਆਉਂਦੇ,
ਔਕੜ ਵੇਖ ਕੇ ਗੁੱਛੀ ਗਏ ਮਾਰ ਬੇਲੀ।

**ਤੀਸ ਮਾਰ ਖਾਂ**

# ਦੋ ਮਹੀਨਿਆਂ ਦਾ ਬੱਚਾ ਜ਼ਖ਼ਮੀ ਹਾਲਤ ਵਿੱਚ ਮਿਲਣ ਮਗਰੋਂ ਇੱਕ ਗ੍ਰਿਫਤਾਰ




ਟੋਰਾਂਟੋ, 31 ਜਨਵਰੀ (ਪੋਸਟ ਬਿਊਰੋ) : ਮਾਰਖਮ ਦੇ ਹੋਟਲ ਵਿੱਚ ਵਾਪਰੀ ਘਟਨਾ ਤੋਂ ਬਾਅਦ ਗੰਭੀਰ ਰੂਪ ਵਿੱਚ ਜ਼ਖ਼ਮੀ ਬੱਚੇ ਨੂੰ ਨਾਜ਼ੁਕ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ। ਇਹ ਜਾਣਕਾਰੀ ਯੌਰਕ ਰੀਜਨਲ ਪੁਲਿਸ ਨੇ ਦਿੱਤੀ।

ਇਸ ਘਟਨਾ ਤੋਂ ਬਾਅਦ ਵੁੱਡਬਾਈਨ ਐਵਨਿਊ ਤੇ ਹਾਈਵੇਅ 7 ਏਰੀਆ ਵਿੱਚ ਪੁਲਿਸ ਵੱਡੀ ਗਿਣਤੀ ਵਿੱਚ ਮੌਜੂਦ ਰਹੀ। ਮੌਕੇ ਤੋਂ ਇੱਕ ਵਿਅਕਤੀ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ ਤੇ ਪਬਲਿਕ ਸੇਫਟੀ ਨੂੰ ਕੋਈ ਖਤਰਾ ਨਹੀਂ ਦੱਸਿਆ ਜਾ ਰਿਹਾ। ਪੁਲਿਸ ਵੱਲੋਂ ਮੁਹੱਈਆ ਕਰਵਾਏ ਗਏ ਪਤੇ ਅਨੁਸਾਰ ਇਹ ਘਟਨਾ ਮੌਂਟੀ ਕਾਰਲੋ ਇੰਨ (ਟੋਰਾਂਟੋ ਮਾਰਖਮ) ਵਿੱਚ ਵਾਪਰੀ।

ਯੌਰਕ ਪੁਲਿਸ ਨੇ ਦੱਸਿਆ ਕਿ ਉਨ੍ਹਾਂ ਨੂੰ ਦੁਪਹਿਰੇ 2:10 ਉੱਤੇ ਇਹ ਰਿਪੋਰਟ ਮਿਲੀ ਕਿ ਮਾਰਖਮ ਦੇ ਇੱਕ ਹੋਟਲ ਵਿੱਚ ਦੋ ਮਹੀਨਿਆਂ ਦਾ ਇੱਕ ਬੱਚਾ ਬੁਰੀ ਤਰ੍ਹਾਂ ਜ਼ਖ਼ਮੀ ਹੋ ਗਿਆ ਹੈ। ਬੱਚਾ ਹਸਪਤਾਲ ਵਿੱਚ ਜੇਰੇ ਇਲਾਜ ਹੈ ਤੇ ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ।

# ਕੈਮੀਕਲ ਰਿਐਕਸ਼ਨ ਕਾਰਨ ਇਮਾਰਤ ਵਿੱਚ ਲੱਗੀ ਅੱਗ



ਟੋਰਾਂਟੋ, 31 ਜਨਵਰੀ (ਪੋਸਟ ਬਿਊਰੋ) : ਨਿਊ ਟੋਰਾਂਟੋ ਸਟਰੀਟ ਤੇ 8ਥ ਸਟਰੀਟ ਏਰੀਆ ਵਿੱਚ ਸਥਿਤ ਇੱਕ ਕਮਰਸ਼ੀਅਲ ਬਿਲਡਿੰਗ ਦੇ ਡਕਟ ਵਰਕ ਵਿੱਚ ਕੈਮੀਕਲ ਰਿਐਕਸ਼ਨ ਹੋਣ ਕਾਰਨ ਲੱਗੀ ਅੱਗ ਉੱਤੇ ਕਾਬੂ ਪਾਉਣ ਲਈ ਟੋਰਾਂਟੋ ਫਾਇਰ ਸਰਵਿਸਿਜ਼ ਨੂੰ ਸੱਦਿਆ ਗਿਆ।

ਟੋਰਾਂਟੋ ਫਾਇਰ ਨੇ ਦੱਸਿਆ ਕਿ ਬਿਲਡਿੰਗ ਵਿੱਚ ਕੰਮ ਕਰਨ ਵਾਲਿਆਂ ਨੂੰ ਕੈਮੀਕਲਜ਼ ਨਾਲ ਕੰਮ ਕਰਨਾ ਪੈਂਦਾ ਹੈ ਤੇ ਕੈਮੀਕਲਜ਼ ਨੂੰ ਮਿਕਸ ਕਰਨ ਸਮੇਂ ਜ਼ਹਿਰੀਲੇ ਧੂੰਏਂ ਨਿਕਲਦੇ ਹਨ ਤੇ ਇਹ ਧਮਾਕਾਖੇਜ਼ ਵੀ ਹੁੰਦੇ ਹਨ। ਅਜਿਹੇ ਹੀ ਕੰਮ ਦੌਰਾਨ ਇਹ ਅੱਗ ਭੜਕੀ। ਟੋਰਾਂਟੋ ਫਾਇਰ ਵੱਲੋਂ ਸਥਿਤੀ ਉੱਤੇ ਕਾਬੂ ਪਾ ਲਿਆ ਗਿਆ ਹੈ ਤੇ ਕਿਸੇ ਦੇ ਜ਼ਖ਼ਮੀ ਹੋਣ ਦੀ ਕੋਈ ਖਬਰ ਨਹੀਂ ਹੈ।

ਅਹਿਤਿਆਤਨ ਇਮਾਰਤ ਨੂੰ ਖਾਲੀ ਕਰਵਾ ਲਿਆ ਗਿਆ ਤੇ ਕਿਸੇ ਵੀ ਨੇੜਲੀ ਇਮਾਰਤ ਨੂੰ ਨੁਕਸਾਨ ਪਹੁੰਚਣ ਦੀ ਕੋਈ ਖਬਰ ਨਹੀਂ ਹੈ। ਜਾਂਚ ਦੌਰਾਨ ਇਸ ਇਲਾਕੇ ਦੀਆਂ ਸੜਕਾਂ ਨੂੰ ਬੰਦ ਕਰ ਦਿੱਤਾ ਗਿਆ ਸੀ ਪਰ ਬਾਅਦ ਵਿੱਚ ਇਨ੍ਹਾਂ ਨੂੰ ਖੋਲ੍ਹ ਦਿੱਤਾ ਗਿਆ।






















# ਅਮਰੀਕਾ ਨੇ 'ਇੰਡੀਆਮਾਰਟ' ਨੂੰ ਦੱਸਿਆ 'ਬਦਨਾਮ', ਸੂਚੀ 'ਚ ਭਾਰਤ ਦੇ 4 ਹੋਰ ਬਾਜ਼ਾਰ




ਵਾਸ਼ਿੰਗਟਨ, 31 ਜਨਵਰੀ (ਪੋਸਟ ਬਿਊਰੋ)- ਭਾਰਤ ਦੀ ਵੱਡੀ ਈ-ਕਾਮਰਸ ਵੈੱਬਸਾਈਟ ਇੰਡੀਆਮਾਰਟ ਤੋਂ ਇਲਾਵਾ 4 ਸ਼ਹਿਰਾਂ ਦੇ 4 ਬਾਜ਼ਾਰਾਂ ਨੂੰ ਨਕਲੀ ਉਤਪਾਦਾਂ ਦੀ ਵਿਕਰੀ ਲਈ ਅਮਰੀਕਾ ਦੀ 'ਬੈਡ ਮਾਰਕੀਟ ਲਿਸਟ' 'ਚ ਸ਼ਾਮਲ ਕੀਤਾ ਗਿਆ ਹੈ। ਅਮਰੀਕੀ ਵਪਾਰ ਪ੍ਰਤੀਨਿਧੀ (ਯੂਐਸਟੀਆਰ) ਕੈਥਰੀਨ ਤਾਈ ਦੁਆਰਾ ਮੰਗਲਵਾਰ ਨੂੰ ਜਾਰੀ ਕੀਤੀ ਗਈ ਸੂਚੀ ਵਿੱਚ 39 ਔਨਲਾਈਨ ਅਤੇ 33 ਭੌਤਿਕ ਬਾਜ਼ਾਰ ਸ਼ਾਮਲ ਹਨ, ਜੋ ਕਿ ਟ੍ਰੇਡਮਾਰਕ ਦੀ ਦੁਰਵਰਤੋਂ, ਕਾਪੀਰਾਈਟ ਉਲੰਘਣਾ ਦੀਆਂ ਗਤੀਵਿਧੀਆਂ ਵਿੱਚ ਸ਼ਾਮਲ ਪਾਏ ਗਏ ਹਨ।

ਯੂਐਸਟੀਆਰ ਇੱਕ ਸਰਕਾਰੀ ਏਜੰਸੀ ਹੈ ਜੋ ਵਪਾਰ ਨੀਤੀ ਨੂੰ ਉਤਸ਼ਾਹਿਤ ਕਰਨ ਲਈ ਕੰਮ ਕਰਦੀ ਹੈ। ਇਨ੍ਹਾਂ ਬਦਨਾਮ ਬਾਜ਼ਾਰਾਂ ਦੀ ਸੂਚੀ 'ਚ ਇੰਡੀਆਮਾਰਟ ਵੈੱਬਸਾਈਟ, ਮੁੰਬਈ ਦੇ ਹੀਰਾ ਪੰਨਾ ਬਾਜ਼ਾਰ, ਕੋਲਕਾਤਾ ਦੇ ਕਿਦਰਪੁਰ ਬਾਜ਼ਾਰ, ਬੈਂਗਲੁਰੂ ਦੇ ਸਦਰ ਪਤਰੱਪਾ ਰੋਡ ਬਾਜ਼ਾਰ ਅਤੇ ਦਿੱਲੀ ਦੇ ਟੈਂਕ ਰੋਡ ਬਾਜ਼ਾਰ ਨੂੰ ਸ਼ਾਮਲ ਕੀਤਾ ਗਿਆ ਹੈ।

ਤਾਈ ਨੇ ਕਿਹਾ ਕਿ ਨਕਲੀ ਉਤਪਾਦਾਂ ਦਾ ਉੱਚ ਵਪਾਰ ਅਮਰੀਕੀ ਕਾਮਿਆਂ ਦੀ ਆਰਥਿਕ ਸੁਰੱਖਿਆ ਨੂੰ ਠੇਸ ਪਹੁੰਚਾਉਂਦਾ ਹੈ। ਉਨ੍ਹਾਂ ਕਿਹਾ ਕਿ ਬੇਈਮਾਨ ਬਾਜ਼ਾਰਾਂ ਦੀ ਸੂਚੀ ਦੇ ਜ਼ਰੀਏ, ਅਸੀਂ ਆਪਣੇ ਵਪਾਰਕ ਭਾਈਵਾਲਾਂ ਨੂੰ ਇਹਨਾਂ ਨੁਕਸਾਨਦੇਹ ਅਭਿਆਸਾਂ ਵਿਰੁੱਧ ਕਦਮ ਚੁੱਕਣ ਦੀ ਅਪੀਲ ਕਰਦੇ ਹਾਂ। ਯੂਐਸਟੀਆਰ ਦੀ ਰਿਪੋਰਟ ਮੁਤਾਬਕ ਇੰਡੀਆਮਾਰਟ ਸਭ ਤੋਂ ਵੱਡੀ ਈ-ਕਾਮਰਸ ਵੈੱਬਸਾਈਟ ਅਤੇ ਮੋਬਾਈਲ ਐਪ ਹੈ। ਇਹ ਖਰੀਦਦਾਰਾਂ ਨੂੰ ਸਪਲਾਇਰਾਂ ਨਾਲ ਜੋੜਨ ਲਈ ਕੰਮ ਕਰਦਾ ਹੈ। ਇੰਡੀਆਮਾਰਟ ਆਪਣੇ ਆਪ ਨੂੰ ਭਾਰਤ ਵਿੱਚ ਸਭ ਤੋਂ ਵੱਡੇ ਔਨਲਾਈਨ ਮਾਰਕੀਟਪਲੇਸ ਵਜੋਂ ਦਰਸਾਉਂਦਾ ਹੈ। ਇਸ ਰਿਪੋਰਟ ਮੁਤਾਬਕ ਨਕਲੀ ਉਤਪਾਦਾਂ 'ਤੇ ਰੋਕ ਲਗਾਉਣ ਲਈ ਇੰਡੀਆਮਾਰਟ ਦੀ ਪਹੁੰਚ ਸਹਿਯੋਗੀ ਰਹੀ ਹੈ ਪਰ ਇਸ ਵੈੱਬਸਾਈਟ 'ਤੇ ਨਕਲੀ ਇਲੈਕਟ੍ਰੋਨਿਕਸ ਉਪਕਰਨਾਂ, ਦਵਾਈਆਂ ਅਤੇ ਕੱਪੜਿਆਂ ਦੀ ਵਿਕਰੀ ਅਜੇ ਵੀ ਗੰਭੀਰ ਚਿੰਤਾ ਦਾ ਵਿਸ਼ਾ ਹੈ। ਇਸ ਦੇ ਨਾਲ ਹੀ ਦੇਸ਼ ਦੇ ਚਾਰ ਸ਼ਹਿਰਾਂ ਦੇ ਵੱਖ-ਵੱਖ ਬਾਜ਼ਾਰਾਂ ਨੂੰ ਵੀ ਨਕਲੀ ਉਤਪਾਦਾਂ ਲਈ ਬਦਨਾਮ ਕਰਾਰ ਦਿੱਤਾ ਗਿਆ ਹੈ। ਰਿਪੋਰਟ ਮੁਤਾਬਕ ਬੈਂਗਲੁਰੂ ਦਾ ਐਸਪੀ ਰੋਡ ਬਾਜ਼ਾਰ ਨਕਲੀ ਇਲੈਕਟ੍ਰੋਨਿਕਸ ਉਤਪਾਦਾਂ ਦੀ ਵਿਕਰੀ ਲਈ ਵੀ ਮਸ਼ਹੂਰ ਹੈ। ਇਸ ਤੋਂ ਇਲਾਵਾ ਦਿੱਲੀ ਦਾ ਟੈਂਕ ਰੋਡ ਇਲਾਕਾ ਬ੍ਰਾਂਡੇਡ ਕੱਪੜਿਆਂ ਅਤੇ ਇਲੈਕਟ੍ਰੋਨਿਕਸ ਉਤਪਾਦਾਂ ਦੇ ਨਕਲੀ ਸੰਸਕਰਣਾਂ ਲਈ ਵੀ ਜਾਣਿਆ ਜਾਂਦਾ ਹੈ। ਇੱਥੋਂ ਹੀ ਗਫਾਰ ਮਾਰਕੀਟ ਅਤੇ ਅਜਮਲ ਖਾਨ ਰੋਡ ਵਰਗੇ ਬਾਜ਼ਾਰਾਂ ਵਿੱਚ ਨਕਲੀ ਵਸਤੂਆਂ ਦੀ ਵੱਡੀ ਮਾਤਰਾ ਵਿੱਚ ਸਪਲਾਈ ਕੀਤੀ ਜਾਂਦੀ ਹੈ।

# ਬਲਾਤਕਾਰ ਦੇ ਮਾਮਲੇ ਵਿੱਚ ਆਸਾਰਾਮ ਨੂੰ ਗਜਰਾਤ ਅਦਾਲਤ ਨੇ ਸੁਣਾਈ ਉਮਰ ਕੈਦ ਦੀ ਸਜ਼ਾ



ਅਹਿਮਦਾਬਾਦ, 31 ਜਨਵਰੀ (ਪੋਸਟ ਬਿਊਰੋ)- ਗੁਜਰਾਤ ਦੀ ਇੱਕ ਅਦਾਲਤ ਨੇ ਬਲਾਤਕਾਰ ਦੇ ਇੱਕ ਮਾਮਲੇ ਵਿੱਚ ਆਸਾਰਾਮ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਹੈ। ਸੈਸ਼ਨ ਕੋਰਟ ਦੇ ਜੱਜ ਡੀਕੇ ਸੋਨੀ ਨੇ ਸੋਮਵਾਰ ਨੂੰ ਇਸ ਮਾਮਲੇ ਵਿੱਚ ਆਸਾਰਾਮ ਨੂੰ ਦੋਸ਼ੀ ਕਰਾਰ ਦਿੱਤਾ ਸੀ ਅਤੇ ਸਜ਼ਾ 'ਤੇ ਆਪਣਾ ਫੈਸਲਾ ਮੰਗਲਵਾਰ ਤੱਕ ਸੁਰੱਖਿਅਤ ਰੱਖ ਲਿਆ ਸੀ। ਇਸ ਮਾਮਲੇ ਵਿੱਚ ਅਦਾਲਤ ਨੇ ਆਸਾਰਾਮ ਦੀ ਪਤਨੀ ਸਮੇਤ ਛੇ ਹੋਰ ਮੁਲਜ਼ਮਾਂ ਨੂੰ ਸਬੂਤਾਂ ਦੀ ਘਾਟ ਕਾਰਨ ਬਰੀ ਕਰ ਦਿੱਤਾ ਹੈ। ਦੱਸ ਦਈਏ ਕਿ ਸਾਲ 2013 'ਚ ਆਸਾਰਾਮ 'ਤੇ ਇਕ ਔਰਤ ਨੇ ਰੇਪ ਦਾ ਮਾਮਲਾ ਦਰਜ ਕਰਵਾਇਆ ਸੀ। ਆਸਾਰਾਮ ਇਸ ਸਮੇਂ ਰਾਜਸਥਾਨ ਦੀ ਜੋਧਪੁਰ ਜੇਲ 'ਚ ਬਲਾਤਕਾਰ ਦੇ ਇਕ ਹੋਰ ਮਾਮਲੇ 'ਚ ਸਜ਼ਾ ਕੱਟ ਰਿਹਾ ਹੈ।

ਅਹਿਮਦਾਬਾਦ ਦੇ ਚਾਂਦਖੇੜਾ ਪੁਲਿਸ ਸਟੇਸ਼ਨ 'ਚ ਦਰਜ ਐਫਆਈਆਰ ਮੁਤਾਬਕ ਆਸਾਰਾਮ ਨੇ 2001 ਤੋਂ 2006 ਦਰਮਿਆਨ ਕਥਿਤ ਤੌਰ 'ਤੇ ਔਰਤ ਨਾਲ ਕਈ ਵਾਰ ਬਲਾਤਕਾਰ ਕੀਤਾ। ਮਹਿਲਾ ਮੁਤਾਬਕ ਆਸਾਰਾਮ ਨੇ ਸ਼ਹਿਰ ਦੇ ਬਾਹਰ ਆਪਣੇ ਆਸ਼ਰਮ 'ਚ ਇਸ ਘਟਨਾ ਨੂੰ ਅੰਜਾਮ ਦਿੱਤਾ। ਵਿਸ਼ੇਸ਼ ਸਰਕਾਰੀ ਵਕੀਲ ਆਰਸੀ ਕੋਡੇਕਰ ਨੇ ਸੋਮਵਾਰ ਨੂੰ ਕਿਹਾ ਕਿ ਅਦਾਲਤ ਨੇ ਵਿਰੋਧੀ ਧਿਰ ਦੇ ਮਾਮਲੇ ਨੂੰ ਸਵੀਕਾਰ ਕਰ ਲਿਆ ਹੈ ਅਤੇ ਆਸਾਰਾਮ 'ਤੇ ਧਾਰਾ 376 2(ਸੀ) (ਬਲਾਤਕਾਰ), ਦੇ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। 377 (ਗੈਰ-ਕੁਦਰਤੀ ਅਪਰਾਧ) ਅਤੇ ਭਾਰਤੀ ਦੰਡਾਵਲੀ ਦੀਆਂ ਹੋਰ ਧਾਰਾਵਾਂ ਅਧੀਨ ਗੈਰ-ਕਾਨੂੰਨੀ ਨਜ਼ਰਬੰਦੀ ਲਈ ਦੋਸ਼ੀ ਠਹਿਰਾਇਆ ਹੈ।

# ਮੁੱਖ ਮੰਤਰੀ ਨੇ ਸਾਲ 2023 ਦੀ ਡਾਇਰੀ ਕੀਤੀ ਜਾਰੀ



ਚੰਡੀਗੜ੍ਹ, 31 ਜਨਵਰੀ (ਗਿਆਨ ਸਿੰਘ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਮੰਗਲਵਾਰ ਨੂੰ ਆਪਣੀ ਸਰਕਾਰੀ ਰਿਹਾਇਸ਼ 'ਤੇ ਸਾਲ 2023 ਲਈ ਸੂਬਾ ਸਰਕਾਰ ਦੀ ਡਾਇਰੀ ਜਾਰੀ ਕੀਤੀ।

ਇਹ ਪ੍ਰਗਟਾਵਾ ਕਰਦਿਆਂ ਅੱਜ ਇੱਥੇ ਮੁੱਖ ਮੰਤਰੀ ਦਫ਼ਤਰ ਦੇ ਬੁਲਾਰੇ ਨੇ ਦੱਸਿਆ ਕਿ ਡਾਇਰੀ ਦੀ ਰੂਪ-ਰੇਖਾ ਸੂਚਨਾ ਤੇ ਲੋਕ ਸੰਪਰਕ ਵਿਭਾਗ ਵੱਲੋਂ ਸੰਕਲਪਿਤ ਅਤੇ ਤਿਆਰ ਕੀਤੀ ਗਈ ਹੈ ਅਤੇ ਇਸ ਨੂੰ ਕੰਟਰੋਲਰ ਪ੍ਰਿੰਟਿੰਗ ਐਂਡ ਸਟੇਸ਼ਨਰੀ ਵਿਭਾਗ, ਪੰਜਾਬ ਵੱਲੋਂ ਛਾਪਿਆ ਗਿਆ ਹੈ। ਡਾਇਰੀ ਜਾਰੀ ਕਰਨ ਮੌਕੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਦੇ ਮੰਤਰੀ ਅਮਨ ਅਰੋੜਾ, ਮੁੱਖ ਮੰਤਰੀ ਦੇ ਵਧੀਕ ਮੁੱਖ ਸਕੱਤਰ ਏ. ਵੇਨੂ ਪ੍ਰਸਾਦ, ਸੂਚਨਾ ਤੇ ਲੋਕ ਸੰਪਰਕ ਵਿਭਾਗ ਦੇ ਪ੍ਰਮੁੱਖ ਸਕੱਤਰ ਰਾਹੁਲ ਭੰਡਾਰੀ, ਸੂਚਨਾ ਤੇ ਲੋਕ ਸੰਪਰਕ ਵਿਭਾਗ ਦੇ ਡਾਇਰੈਕਟਰ ਸੋਨਾਲੀ ਗਿਰਿ ਤੇ ਹੋਰ ਹਾਜ਼ਰ ਸਨ।

# ਜ਼ਿਲਾ ਵਿਕਾਸ ਕੁਆਰਡੀਨੇਸ਼ਨ ਅਤੇ ਮੋਨੀਟਰਿੰਗ ਕਮੇਟੀ (ਦਿਸ਼ਾ) ਦੀ ਮੀਟਿੰਗ ਹੋਈ

## ਲੋਕ ਭਲਾਈ ਸਕੀਮਾਂ ਦਾ ਲਾਭ ਹੇਠਲੇ ਪੱਧਰ ਤੱਕ ਪਹੁੰਚਾਉਣ ਨੂੰ ਯਕੀਨੀ ਬਣਾਉਣ ਅਧਿਕਾਰੀ-ਮੁਹੰਮਦ ਸਦੀਕ




ਫਰੀਦਕੋਟ, 31 ਜਨਵਰੀ (ਗਿਆਨ ਸਿੰਘ): ਬੀਤੇ ਦਿਨ ਜ਼ਿਲ੍ਹਾ ਵਿਕਾਸ ਤਾਲਮੇਲ ਅਤੇ ਮੋਨੇਟਰਿੰਗ ਕਮੇਟੀ ਦੀ ਮੀਟਿੰਗ ਫਰੀਦਕੋਟ ਦੇ ਮੈਂਬਰ ਲੋਕ ਸਭਾ ਜਨਾਬ ਮੁਹੰਮਦ ਸਦੀਕ ਦੀ ਅਗਵਾਈ ਹੇਠ ਇੱਥੋਂ ਦੇ ਅਸ਼ੋਕਾ ਚੱਕਰ ਮੀਟਿੰਗ ਹਾਲ ਵਿਖੇ ਹੋਈ। ਜਿਸ ਵਿੱਚ ਡਿਪਟੀ ਕਮਿਸ਼ਨਰ ਡਾ. ਰੂਹੀ ਦੁੱਗ, ਵਧੀਕ ਡਿਪਟੀ ਕਮਿਸ਼ਨਰ (ਜ) ਸ. ਰਾਜਪਾਲ ਸਿੰਘ ਤੋਂ ਇਲਾਵਾ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਗੈਰ ਸਰਕਾਰੀ ਮੈਂਬਰ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ।

ਇਸ ਮੌਕੇ ਡਿਪਟੀ ਕਮਿਸ਼ਨਰ ਡਾ. ਰੂਹੀ ਦੁੱਗ ਨੇ ਮੈਂਬਰ ਲੋਕ ਸਭਾ ਜਨਾਬ ਮੁਹੰਮਦ ਸਦੀਕ ਵੱਲੋਂ ਡਿਸਟਰਿਕਟ ਡਿਵੈਲਪਮੈਂਟ ਕੁਆਰਡੀਨੇਸ਼ਨ ਐਂਡ ਮੋਨੇਟਰਿੰਗ ਕਮੇਟੀ ਵਿੱਚ ਆਉਣ ਤੇ ਉਨ੍ਹਾਂ ਦਾ ਸਵਾਗਤ ਕੀਤਾ ਅਤੇ ਦੱਸਿਆ ਕਿ ਪੰਜਾਬ ਸਰਕਾਰ ਦੇ ਆਦੇਸ਼ਾਂ ਅਨੁਸਾਰ ਵੱਖ ਵੱਖ ਵਿਭਾਗਾਂ ਅਧੀਨ ਚੱਲ ਰਹੇ ਵਿਕਾਸ ਪ੍ਰੋਜੈਕਟਾਂ ਵਿੱਚ ਹੋਰ ਤੇਜ਼ੀ ਲਿਆਉਣ ਅਤੇ ਉਨ੍ਹਾਂ ਨੂੰ ਮਿੱਥੇ ਸਮੇਂ ਵਿੱਚ ਮੁਕੰਮਲ ਕਰਨ ਦੇ ਆਦੇਸ਼ ਦਿੱਤੇ ਗਏ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਸਰਕਾਰ ਦੇ ਆਦੇਸ਼ਾਂ ਅਨੁਸਾਰ ਕੇਂਦਰੀ ਅਤੇ ਰਾਜ ਪੱਧਰ ਦੀਆਂ ਲੋਕ ਭਲਾਈ ਸਕੀਮਾਂ, ਵਿਕਾਸ ਕਾਰਜਾਂ ਨੂੰ ਸਮੇਂ ਸਿਰ ਪੂਰਾ ਕੀਤਾ ਜਾਵੇਗਾ। ਉਨ੍ਹਾਂ ਮੈਂਬਰ ਲੋਕਾਂ ਸਭਾ ਜਨਾਬ ਮੁਹੰਮਦ ਸਦੀਕ ਨੂੰ ਯਕੀਨ ਦਵਾਇਆ ਕਿ ਜਿਲ੍ਹਾਂ ਪ੍ਰਸ਼ਾਸਨ ਵੱਲੋਂ ਉਨ੍ਹਾਂ ਦੀਆਂ ਹਦਾਇਤਾਂ ਅਨੁਸਾਰ ਲੋਕ ਭਲਾਈ ਸਕੀਮਾਂ, ਵਿਕਾਸ ਪ੍ਰੋਜੈਕਟਾਂ ਦਾ ਲਾਭ ਜ਼ਮੀਨੀ ਪੱਧਰ ਤੱਕ ਪਹੁੰਚਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਇਨ੍ਹਾਂ ਵਿਕਾਸ ਪ੍ਰੋਜੈਕਟਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਇਸ ਮੌਕੇ ਜਿਲ੍ਹਾਂ ਅਧਿਕਾਰੀਆਂ ਨੂੰ ਸੰਬੋਧਨ ਕਰਦਿਆਂ ਮੈਂਬਰ ਲੋਕ ਸਭਾ ਜਨਾਬ ਮੁਹੰਮਦ ਸਦੀਕ ਨੂੰ ਕਿਹਾ ਕਿ ਵੱਖ ਵੱਖ ਵਿਕਾਸ ਪ੍ਰੋਜੈਕਟਾਂ ਲੋਕ ਭਲਾਈ ਕੰਮਾਂ ਕੇਂਦਰ ਤੇ ਪੰਜਾਬ ਸਰਕਾਰ ਦੀਆਂ ਵੱਖ ਵੱਖ ਯੋਜਨਾਂਵਾਂ ਨੂੰ ਆਮ ਲੋਕਾਂ ਤੱਕ ਪਹੁੰਚਾਉਣ ਵਿੱਚ ਆਪਣਾ ਵੱਡਮੁੱਲਾ ਯੋਗਦਾਨ ਪਾਉਣ। ਉਨ੍ਹਾਂ ਕਿਹਾ ਕਿ ਉਹ ਰਾਜ ਸਰਕਾਰ, ਜਿਲ੍ਹਾਂ ਪ੍ਰਸ਼ਾਸਨ ਤੇ ਲੋਕਾਂ ਦੇ ਚੁਣੇ ਨੁਮਾਇੰਦਿਆਂ ਦਾ ਫਰਜ਼ ਬਣਦਾ ਹੈ ਕਿ ਉਹ ਸਕੀਮਾਂ ਵੱਖ ਵੱਖ ਯੋਜਨਾਵਾਂ ਸਬੰਧੀ ਕੋਈ ਦਿੱਕਤ ਪੇਸ਼ ਨਾ ਆਉਣ ਦੇਣ।ਇਸ ਮੌਕੇ ਉਨ੍ਹਾਂ ਮਗਨਰੇਗਾ ਤਹਿਤ ਜਿਲ੍ਹੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ, ਦੀਨ ਦਿਆਲ ਅਨਤੋਦਿਆ ਯੋਜਨਾ, ਪ੍ਰਧਾਨ ਮੰਤਰੀ ਕੌਸ਼ਲ ਵਿਕਾਸ ਯੋਜਨਾ, ਦੀਨ ਦਿਆਲ ਉਪਾਧਿਆਏ ਗ੍ਰਾਮੀਣ ਕੌਸ਼ਲ ਯੋਜਨਾ, ਪ੍ਰਧਾਨ ਮੰਤਰੀ ਗ੍ਰਾਮ ਸੜਕ ਯੋਜਨਾ, ਇੰਦਰਾ ਗਾਂਧੀ ਰਾਸ਼ਟਰੀ ਬੁਢਾਪਾ ਪੈਨਸ਼ਨ ਸਕੀਮ, ਪ੍ਰਧਾਨ ਮੰਤਰੀ ਆਵਾਸ ਯੋਜਨਾ, ਸਵੱਛ ਭਾਰਤ ਮਿਸ਼ਨ,ਸਵੱਛ ਭਾਰਤ ਮਿਸ਼ਨ ਗ੍ਰਾਮੀਣ, ਜਲ ਜੀਵਨ ਮਿਸ਼ਨ, ਪੀ.ਐਮ.ਕੇ.ਐਸ.ਵਾਈ., ਮਿਡ ਡੇ ਮੀਲ ਸਕੀਮ, ਪ੍ਰਧਾਨ ਮੰਤਰੀ ਉਜਵਲਾ ਯੋਜਨਾ, ਪ੍ਰਧਾਨ ਮੰਤਰੀ ਆਦਰਸ਼ ਗ੍ਰਾਮ ਯੋਜਨਾ, ਸਮੱਗਰਾ ਸਿੱਖਿਆ ਅਭਿਆਨ, ਐਮ.ਪੀ.ਲੈਂਡ ਸਕੀਮ ਆਦਿ ਦੀ ਵਿਸਥਾਰ ਸਹਿਤ ਜਾਣਕਾਰੀ ਹਾਸਲ ਕੀਤੀ ਤੇ ਅਧਿਕਾਰੀਆਂ ਨੂੰ ਕਿਹਾ ਕਿ ਅਜੇ ਵੀ ਬਹੁਤ ਸਾਰੇ ਲੋਕਾਂ ਨੂੰ ਇਨ੍ਹਾਂ ਸਕੀਮਾਂ ਦਾ ਲਾਭ ਨਹੀਂ ਮਿਲ ਰਿਹਾ ਤੇ ਆਉਣ ਵਾਲੇ ਸਮੇਂ ਵਿੱਚ ਇਨ੍ਹਾਂ ਵਿਕਾਸ ਸਕੀਮਾਂ ਦਾ ਹਰ ਇਕ ਨਾਗਰਿਕ ਅਤੇ ਲੋੜਵੰਦ ਨੂੰ ਲਾਭ ਯਕੀਨੀ ਬਣਾਇਆ ਜਾਵੇ।

ਇਸ ਮੌਕੇ ਡੀ.ਐਫ.ਐਸ.ਸੀ. ਮੈਡਮ ਵੰਦਨਾ ਕੰਬੋਜ, ਐਕਸੀਅਨ ਮਹੇਸ਼ ਗਰਗ, ਸਹਾਇਕ ਸਿਵਲ ਸਰਜਨ ਡਾ. ਮਨਦੀਪ ਕੌਰ, ਡੀ.ਡੀ.ਪੀ.ਓ ਧਰਮਪਾਲ, ਉਪ ਜਿਲਾ ਸਿੱਖਿਆ ਅਫਸਰ ਸ੍ਰੀ ਪਵਨ ਕੁਮਾਰ, ਐਸ.ਡੀ.ਓ ਸ੍ਰੀ ਗੁਰਪਾਲ ਸਿੰਘ, ਈ.ਓ ਸ੍ਰੀ ਅਮਰਿੰਦਰ ਸਿੰਘ ਸਮੇਤ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਗੈਰ ਸਰਕਾਰੀ ਮੈਂਬਰ ਪਰਮਜੀਤ ਕੌਰ, ਸਤਪਾਲ ਡੋਡ, ਗਰੀਸ਼ ਮਿੱਤਲ ਅਤੇ ਅਮਨਦੀਪ ਸਿੰਘ ਬਾਬਾ ਆਦਿ ਹਾਜ਼ਰ ਸਨ।

# ਵਿਕਾਸ ਕਾਰਜਾਂ ਵਿਚ ਤੇਜ਼ੀ ਲਿਆਉਣ ਲਈ ਤਿਆਰ ਕੀਤੀਆਂ ਜਾਣਗੀਆਂ ਨਵੀਆਂ ਯੋਜਨਾਵਾਂ : ਢਿੱਲਵਾਂ

## ਚੇਅਰਮੈਨ ਜਿਲ੍ਹਾ ਯੋਜਨਾ ਬੋਰਡ ਨੇ ਕੀਤੀ ਅਧਿਕਾਰੀਆਂ ਤੇ ਕਰਮਚਾਰੀਆਂ ਨਾਲ ਪਲੇਠੀ ਮੀਟਿੰਗ



ਫਰੀਦਕੋਟ, 31 ਜਨਵਰੀ (ਗਿਆਨ ਸਿੰਘ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਦੇ ਵਿੱਚ ਰਾਜ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਵਿੱਚ ਹੋਰ ਤੇਜ਼ੀ ਲਿਆਂਦੀ ਜਾਵੇਗੀ ਅਤੇ ਜਿਲ੍ਹਾ ਯੋਜਨਾ ਬੋਰਡ ਵੱਲੋਂ ਨਵੀਆਂ ਯੋਜਨਾਵਾਂ ਤਿਆਰ ਕਰਕੇ ਜਿਲ੍ਹੇ ਨੂੰ ਵਿਕਾਸ ਦੀਆਂ ਬੁਲੰਦੀਆਂ ਤੇ ਪਹੁੰਚਾਇਆ ਜਾਵੇਗਾ। ਜਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਸ. ਸੁਖਜੀਤ ਸਿੰਘ ਢਿੱਲਵਾਂ ਨੇ ਜਿਲ੍ਹਾ ਯੋਜਨਾ ਬੋਰਡ ਦੇ ਦਫਤਰ ਵਿਖੇ ਆਪਣੇ ਅਧਿਕਾਰੀਆਂ ਅਤੇ ਕਰਮਚਾਰੀਆਂ ਨਾਲ ਪਲੇਠੀ ਮੀਟਿੰਗ ਕਰਦੇ ਹੋਏ ਉਕਤ ਗੱਲ ਕਹੀ।

ਜਿਲ੍ਹਾ ਯੋਜਨਾ ਬੋਰਡ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨਾਲ ਜਿਲ੍ਹਾ ਯੋਜਨਾ ਬੋਰਡ ਵੱਲੋਂ ਉਲੀਕੇ ਗਏ ਪ੍ਰਗਤੀ ਕਾਰਜਾਂ ਸਬੰਧੀ ਜਾਣਕਾਰੀ ਲੈਂਦੇ ਹੋਏ ਜਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਸੁਖਜੀਤ ਸਿੰਘ ਢਿੱਲਵਾਂ ਨੇ ਕਿਹਾ ਕਿ ਜਿਲ੍ਹਾ ਨਿਵਾਸੀਆਂ ਵੱਲੋਂ ਦਿੱਤੇ ਗਏ ਸੁਝਾਵਾਂ ਦੇ ਮੱਦੇਨਜ਼ਰ ਇਸ ਤਰ੍ਹਾਂ ਦੀਆਂ ਯੋਜਨਾਵਾਂ ਬਣਾਈਆਂ ਜਾਣ, ਜਿਸ ਨਾਲ ਜਮੀਨੀ ਪੱਧਰ ਤੱਕ ਹਰ ਇੱਕ ਨਾਗਰਿਕ ਨੂੰ ਲਾਭ ਮਿਲ ਸਕੇ। ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਸਬੰਧੀ ਜੋ ਵੀ ਫੰਡ ਲੋੜੀਂਦੇ ਹਨ, ਇਸ ਸਬੰਧੀ ਯੋਜਨਾ ਤਿਆਰ ਕੀਤੀ ਜਾਵੇ। ਵਿਕਾਸ ਕਾਰਜਾਂ ਸਬੰਧੀ ਕਿਸੇ ਤਰ੍ਹਾਂ ਦੀ ਕਮੀ ਆਉਣ ਨਹੀਂ ਦਿੱਤੀ ਜਾਵੇਗੀ। ਇਸ ਦੌਰਾਨ ਕਰਮਚਾਰੀਆਂ ਵੱਲੋਂ ਪੱਕੇ ਕਰਨ ਸਬੰਧੀ ਚੇਅਰਮੈਨ ਸਾਹਿਬ ਨੂੰ ਬੇਨਤੀ ਵੀ ਕੀਤੀ ਗਈ ਜਿਸ ਤੇ ਉਨ੍ਹਾਂ ਨੇ ਭਰੋਸਾ ਦਵਾਇਆ ਕਿ ਇਸ ਸਬੰਧੀ ਉੱਚ ਪੱਧਰ ਤੇ ਗੱਲ ਕਰਕੇ ਪੱਕੇ ਕਰਨ ਸਬੰਧੀ ਆਪਣਾ ਪੱਖ ਰੱਖਿਆ ਜਾਵੇਗਾ। ਇਸ ਮੌਕੇ ਗਿਰੀਸ਼ ਕੁਮਾਰ ਤੋਂ ਇਲਾਵਾ ਜਿਲ੍ਹਾ ਯੋਜਨਾ ਬੋਰਡ ਦੇ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ।



# ਸ਼੍ਰੋਮਣੀ ਕਮੇਟੀ ਦੇ ਮੀਤ ਸਕੱਤਰ ਨਿਰਵੈਲ ਸਿੰਘ ਅਤੇ ਲਖਬੀਰ ਸਿੰਘ ਹੋਏ ਸੇਵਾ ਮੁਕਤ



ਅੰਮ੍ਰਿਤਸਰ, 31 ਜਨਵਰੀ (ਪੋਸਟ ਬਿਊਰੋ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੋਂ ਅੱਜ ਸੇਵਾ ਮੁਕਤ ਹੋਏ ਮੀਤ ਸਕੱਤਰ ਸ. ਨਿਰਵੈਲ ਸਿੰਘ ਤੇ ਸ. ਲਖਬੀਰ ਸਿੰਘ ਨੂੰ ਸ਼੍ਰੋਮਣੀ ਕਮੇਟੀ ਅਧਿਕਾਰੀਆਂ ਵੱਲੋਂ ਸਨਮਾਨਿਤ ਕੀਤਾ ਗਿਆ। ਇਨ੍ਹਾਂ ਨੂੰ ਸੇਵਾ ਮੁਕਤ ਹੋਣ 'ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਾਜਦੀਪ ਸਿੰਘ, ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਗੁਰਚਰਨ ਸਿੰਘ ਗਰੇਵਾਲ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ ਤੇ ਭਾਈ ਰਾਮ ਸਿੰਘ, ਓਐਸਡੀ ਸ. ਸਤਬੀਰ ਸਿੰਘ ਧਾਮੀ ਤੇ ਹੋਰ ਅਧਿਕਾਰੀਆਂ ਨੇ ਗੁਰੂ ਬਖਸ਼ਿਸ਼ ਸਿਰੋਪਾਓ, ਸ੍ਰੀ ਸਾਹਿਬ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਮਾਡਲ ਦੇ ਕੇ ਸਨਮਾਨਤ ਕੀਤਾ।

ਇਸ ਮੌਕੇ ਸਿੰਘ ਸਾਹਿਬ ਗਿਆਨੀ ਰਾਜਦੀਪ ਸਿੰਘ, ਜਰਨਲ ਸਕੱਤਰ ਭਾਈ ਗੁਰਚਰਨ ਸਿੰਘ ਗਰੇਵਾਲ ਤੇ ਸਕੱਤਰ ਸ. ਪ੍ਰਤਾਪ ਸਿੰਘ ਨੇ ਸੇਵਾ ਮੁਕਤ ਹੋਏ ਸ. ਨਿਰਵੈਲ ਸਿੰਘ ਤੇ ਸ. ਲਖਬੀਰ ਸਿੰਘ ਦੇ ਕੰਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਨ੍ਹਾਂ ਨੇ ਆਪਣੇ ਜ਼ੁੰਮੇ ਲੱਗੀ ਡਿਊਟੀ ਪੂਰੀ ਤਨਦੇਹੀ ਨਾਲ ਨਿਭਾਈ ਹੈ ਅਤੇ ਆਸ ਕਰਦੇ ਹਾਂ ਕਿ ਭਵਿੱਖ ਵਿਚ ਨਿਸ਼ਕਾਮ ਭਾਵਨਾ ਨਾਲ ਸਿੱਖ ਸੰਸਥਾ ਦੀਆਂ ਗਤੀਵਿਧੀਆਂ ਨੂੰ ਸੰਗਤਾਂ ਤੱਕ ਪਹੁੰਚਾਉਣ ਦੀ ਜ਼ੁੰਮੇਵਾਰੀ ਨਿਭਾਉਣਗੇ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਬਿਜੈ ਸਿੰਘ, ਸ. ਹਰਜੀਤ ਸਿੰਘ ਲਾਲੂਘੁੰਮਣ, ਸ. ਸਿਰਮਜੀਤ ਸਿੰਘ ਕੰਗ, ਮੀਤ ਸਕੱਤਰ ਪ੍ਰੋ. ਸੁਖਦੇਵ ਸਿੰਘ, ਸ. ਜਸਵਿੰਦਰ ਸਿੰਘ ਜੱਸੀ, ਸ. ਸ਼ਾਹਬਾਜ਼ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਸਤਨਾਮ ਸਿੰਘ ਮਾਂਗਾਸਰਾਏ, ਮੈਨੇਜਰ ਸ. ਸੁਖਰਾਜ ਸਿੰਘ, ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ ਤੇ ਸ. ਰਾਜਿੰਦਰ ਸਿੰਘ ਰੂਬੀ, ਸ. ਪਰਮਜੀਤ ਸਿੰਘ ਐਕਸੀਅਨ, ਸ. ਜਤਿੰਦਰਪਾਲ ਸਿੰਘ ਅਤੇ ਸੇਵਾ ਮੁਕਤ ਕਰਮਚਾਰੀਆਂ ਦੇ ਪਰਿਵਾਰਕ ਮੈਂਬਰ ਹਾਜ਼ਰ ਸਨ।

# ਜ਼ੇਲੇਨਸਕੀ ਨੇ ਫਰਾਂਸ ਨੂੰ 2024 ਉਲੰਪਿਕ ਤੋਂ ਰੂਸੀ ਐਥਲੀਟਾਂ 'ਤੇ ਪਾਬੰਦੀ ਲਗਾਉਣ ਦੀ ਕੀਤੀ ਅਪੀਲ

ਕੀਵ, 31 ਜਨਵਰੀ (ਪੋਸਟ ਬਿਊਰੋ)- ਯੂਕਰੇਨ ਦੇ ਰਾਸ਼ਟਰਪਤੀ ਵੋਲੋਦੀਮੀਰ ਜ਼ੇਲੇਨਸਕੀ ਨੇ ਫਰਾਂਸ ਨੂੰ ਪੈਰਿਸ ਵਿੱਚ 2024 ਉਲੰਪਿਕ ਖੇਡਾਂ ਵਿੱਚ ਹਿਸਾ ਲੈਣ ਤੋਂ ਰੂਸੀ ਅਥਲੀਟਾਂ 'ਤੇ ਪਾਬੰਦੀ ਲਗਾਉਣ ਦੀ ਅਪੀਲ ਕੀਤੀ ਹੈ, ਇਹ ਦਰਸਾਉਣ ਲਈ ਕਿ "ਅੱਤਵਾਦ" ਸਵੀਕਾਰ ਨਹੀਂ ਹੈ। ਜ਼ੇਲੇਨਸਕੀ ਨੇ ਫਰਾਂਸ ਦੇ ਰਾਸ਼ਟਰਪਤੀ ਇਮੈਨੁਅਲ ਮੈਕਰੋਨ ਨੂੰ ਲਿਖੀ ਚਿੱਠੀ ਵਿੱਚ ਰੂਸੀ ਅਤੇ ਬੇਲਾਰੂਸੀਅਨ ਐਥਲੀਟਾਂ ਨੂੰ ਉਲੰਪਿਕ ਖੇਡਾਂ ਵਿੱਚ "ਨਿਰਪੱਖ" ਵਜੋਂ ਮੁਕਾਬਲਾ ਕਰਨ ਦੀ ਇਜਾਜ਼ਤ ਦੇਣ ਦੇ ਅੰਤਰਰਾਸ਼ਟਰੀ ਉਲੰਪਿਕ ਕਮੇਟੀ (ਆਈਓਸੀ) ਦੇ ਫੈਸਲੇ ਦਾ ਵਿਰੋਧ ਕੀਤਾ। ਇਸ ਤਰ੍ਹਾਂ ਜਾਰੀ ਰਹਿਣ 'ਤੇ ਉਨ੍ਹਾਂ ਖੇਡਾਂ ਦਾ ਬਾਈਕਾਟ ਕਰਨ ਦੀ ਧਮਕੀ ਵੀ ਦਿੱਤੀ।

ਇਕ ਵੀਡੀਓ ਵਿੱਚ ਵੋਲੋਡੀਮੀਰ ਜ਼ੇਲੇਨਸਕੀ ਨੇ ਕਿਹਾ ਕਿ ਆਈਓ ਸੀ ਦੀ ਕੋਸ਼ਿਸ਼ "ਰੂਸੀ ਐਥਲੀਟਾਂ ਨੂੰ ਉਲੰਪਿਕ ਖੇਡਾਂ ਵਿੱਚ ਵਾਪਸ ਲਿਆਉਣ ਦੀ ਕੋਸ਼ਿਸ਼ ਪੂਰੀ ਦੁਨੀਆ ਨੂੰ ਇਹ ਦੱਸਣ ਦੀ ਕੋਸ਼ਿਸ਼ ਹੈ ਕਿ ਦਹਿਸ਼ਤ ਕਿਸੇ ਤਰ੍ਹਾਂ ਸਵੀਕਾਰਯੋਗ ਹੈ।" ਉਸਨੇ ਅੱਗੇ ਕਿਹਾ ਕਿ ਰੂਸ ਨੂੰ "ਖੇਡਾਂ ਜਾਂ ਕਿਸੇ ਹੋਰ ਖੇਡ ਸਮਾਗਮ ਨੂੰ ਇਸਦੇ ਹਮਲਾਵਰ ਜਾਂ ਇਸਦੇ ਰਾਜ ਦੇ ਪ੍ਰਚਾਰ ਵਜੋਂ" ਵਰਤਣ ਦੀ ਇਜਾਜ਼ਤ ਨਹੀਂ ਦਿੱਤੀ ਜਾਣੀ ਚਾਹੀਦੀ। ਆਈਓਸੀ ਨੇ ਪਹਿਲਾਂ ਕਿਹਾ ਸੀ ਕਿ "ਕਿਸੇ ਵੀ ਐਥਲੀਟ ਨੂੰ ਸਿਰਫ਼ ਉਨ੍ਹਾਂ ਦੇ ਪਾਸਪੋਰਟ ਕਾਰਨ ਮੁਕਾਬਲਾ ਕਰਨ 'ਤੇ ਪਾਬੰਦੀ ਨਹੀਂ ਲਗਾਈ ਜਾਣੀ ਚਾਹੀਦੀ"। ਹਾਲਾਂਕਿ, ਯੂਕਰੇਨ ਦੇ ਰਾਸ਼ਟਰਪਤੀ ਨੇ ਕਿਹਾ ਕਿ ਖੇਡਾਂ ਵਿੱਚ ਨਿਰਪੱਖਤਾ ਅਸੰਭਵ ਹੈ ਜਦੋਂ ਕਿ ਉਨ੍ਹਾਂ ਦੇ ਦੇਸ਼ ਦੇ ਐਥਲੀਟ ਜੰਗ ਦੇ ਮੈਦਾਨ ਵਿੱਚ ਆਪਣੀਆਂ ਜਾਨਾਂ ਗੁਆ ਰਹੇ ਹਨ।



ਇਸ ਤੋਂ ਇਲਾਵਾ, ਉਨ੍ਹਾਂ 1936 ਦੇ ਬਰਲਿਨ ਉਲੰਪਿਕ ਨਾਲ ਤੁਲਨਾ ਕੀਤੀ, ਜੋ ਉਦੋਂ ਆਯੋਜਿਤ ਕੀਤੇ ਗਏ ਸਨ ਜਦੋਂ ਨਾਜ਼ੀ ਸੱਤਾ ਵਿੱਚ ਸਨ। "ਉੱਥੇ ਇੱਕ ਵੱਡੀ ਉਲੰਪਿਕ ਗਲਤੀ ਸੀ।

ਆਈਓਸੀ 'ਤੇ ਦਬਾਅ ਯੂਕਰੇਨ ਦੇ ਐਥਲੀਟਾਂ ਅਤੇ ਗਲੋਬਲ ਐਥਲੀਟਾਂ ਦੇ ਨਾਲ-ਨਾਲ ਯੂਨਾਈਟਿਡ ਕਿੰਗਡਮ ਵਰਗੇ ਯੂਕਰੇਨੀ ਸਮਰਥਕਾਂ ਵਰਗੇ ਸੰਗਠਨਾਂ ਤੋਂ ਆਇਆ ਹੈ। ਯੂਕਰੇਨ ਦੇ ਐਥਲੀਟਾਂ ਅਤੇ ਐਥਲੀਟਸ ਐਸੋਸੀਏਸ਼ਨ ਗਲੋਬਲ ਐਥਲੀਟਸ ਨੇ ਇਕ ਸਾਂਝੇ ਬਿਆਨ 'ਚ ਉਲੰਪਿਕ 'ਤੇ ਦੋਸ਼ ਲਗਾਇਆ ਹੈ। ਯੂਕੇ ਦੀ ਸਰਕਾਰ ਨੇ ਵੀ ਯੂਕਰੇਨ ਦਾ ਸਮਰਥਨ ਕੀਤਾ ਹੈ, ਇਹ ਦਾਅਵਾ ਕਰਦੇ ਹੋਏ ਕਿ ਰੂਸੀ ਅਤੇ ਬੇਲਾਰੂਸੀਅਨ ਐਥਲੀਟਾਂ ਨੂੰ ਮੁਕਾਬਲਾ ਕਰਨ ਦੀ ਆਗਿਆ ਦੇਣ ਦਾ ਫੈਸਲਾ "ਯੂਕਰੇਨ ਦੇ ਲੋਕਾਂ ਦੁਆਰਾ ਮਹਿਸੂਸ ਕੀਤੀ ਜਾ ਰਹੀ ਜੰਗ ਦੀ ਅਸਲੀਅਤ ਤੋਂ ਦੂਰ ਇੱਕ ਸੰਸਾਰ ਸੀ।"

# ਮੀਤ ਹੇਅਰ ਨੇ ਕਿਹਾ: ਸੂਬੇ ਵਿਚ ਆਮ ਲੋਕਾਂ ਲਈ ਰੇਤੇ ਦੀਆਂ ਖੱਡਾਂ ਜਲਦ ਸ਼ੁਰੂ ਹੋਣਗੀਆਂ

ਚੰਡੀਗੜ੍ਹ, 31 ਜਨਵਰੀ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਖਣਨ ਵਿਭਾਗ ਨੇ ਸੂਬੇ ਦੇ ਲੋਕਾਂ ਨੂੰ ਰੇਤ ਦੀਆਂ ਖੱਡਾਂ (ਪਬਲਿਕ ਮਾਈਨਿੰਗ ਸਾਈਟਾਂ) ਦੀ ਸਹੂਲਤ ਦੇਣ ਲਈ ਤਿਆਰੀ ਕਰ ਲਈ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਆਮ ਲੋਕਾਂ ਨੂੰ ਰੇਤਾ ਅਤੇ ਬੱਜਰੀ ਵਾਜਬ ਦਰਾਂ 'ਤੇ ਲੋੜੀਂਦੀ ਮਾਤਰਾ ਵਿੱਚ ਮਿਲ ਸਕੇ।

ਇਸ ਫੈਸਲੇ ਨੂੰ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਦੀ ਇਤਿਹਾਸਕ ਅਤੇ ਅਹਿਮ ਪਹਿਲਕਦਮੀ ਕਰਾਰ ਦਿੰਦਿਆਂ ਖਣਨ ਅਤੇ ਭੂ-ਵਿਗਿਆਨ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਕਿਹਾ ਕਿ ਇਹ ਖੱਡਾਂ ਰੇਤ ਦੀਆਂ ਕੀਮਤਾਂ ਵਿੱਚ ਵਾਧੇ ਦੀ ਕਿਸੇ ਵੀ ਗਲਤ ਕਾਰਵਾਈ ਨੂੰ ਰੋਕਣ ਵਿੱਚ ਸਹਾਈ ਹੋਣਗੀਆਂ ਜਿਸ ਨਾਲ ਲੋਕ ਆਪਣੀ ਮਰਜ਼ੀ ਅਨੁਸਾਰ ਕਿਸੇ ਵੀ ਖੱਡ ਤੋਂ ਵਾਜਬ ਦਰਾਂ 'ਤੇ ਰੇਤਾ ਖਰੀਦ ਸਕਣਗੇ।

ਖਣਨ ਮੰਤਰੀ ਨੇ ਅੱਗੇ ਕਿਹਾ ਕਿ ਮੁੱਖ ਮੰਤਰੀ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਅਜਿਹੀਆਂ ਸਾਰੀਆਂ ਖੱਡਾਂ ਦੇ ਵੇਰਵਿਆਂ ਬਾਰੇ ਜਲਦੀ ਹੀ ਐਲਾਨ ਕਰਨਗੇ। ਉਨ੍ਹਾਂ ਕਿਹਾ ਕਿ ਆਮ ਲੋਕਾਂ ਲਈ ਰੇਤੇ ਦੀ ਪਹਿਲੀ ਖੱਡ ਦਾ ਉਦਘਾਟਨ ਵੀ ਮੁੱਖ ਮੰਤਰੀ ਤਰਫੋਂ ਜਲਦ ਹੀ ਕੀਤਾ ਜਾਵੇਗਾ। ਮੀਤ ਹੇਅਰ ਨੇ ਕਿਹਾ ਕਿ ਖਣਨ ਵਿਭਾਗ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸੂਬੇ ਦੇ ਲੋਕਾਂ ਨੂੰ ਸਸਤਾ ਤੇ ਆਸਾਨੀ ਨਾਲ ਰੇਤਾ ਮੁਹੱਈਆ ਕਰਵਾਉਣ ਦੀ ਵਚਨਬੱਧਤਾ ਨੂੰ ਪੂਰਾ ਕਰਨ ਲਈ ਕੋਈ ਕਸਰ ਬਾਕੀ ਨਹੀਂ ਛੱਡੇਗਾ।

ਖਣਨ ਮੰਤਰੀ ਨੇ ਕਿਹਾ ਕਿ ਪਬਲਿਕ ਮਾਈਨਿੰਗ ਸਾਈਟ ਰੇਤੇ ਦੀ ਇੱਕ ਅਜਿਹੀ ਖੱਡ ਹੋਵੇਗੀ ਜਿੱਥੋਂ ਕੋਈ ਵੀ ਵਿਅਕਤੀ 5.50 ਰੁਪਏ ਪ੍ਰਤੀ ਵਰਗ ਫੁੱਟ ਦੇ ਹਿਸਾਬ ਨਾਲ ਆਪਣੀ ਨਿੱਜੀ ਵਰਤੋਂ ਲਈ ਰੇਤਾ ਖਰੀਦ ਸਕੇਗਾ। ਅਜਿਹੇ ਵਿਅਕਤੀ ਨੂੰ ਖੱਡ 'ਚੋਂ ਲੋੜੀਂਦੀ ਮਾਤਰਾ ਵਿੱਚ ਰੇਤਾ ਕੱਢਣ ਲਈ ਲੇਬਰ ਦੇ ਨਾਲ ਆਪਣਾ ਵਾਹਨ ਲਿਆਉਣਾ ਪਵੇਗਾ।

ਕਿਸੇ ਵੀ ਖੱਡ 'ਤੇ ਜੇ.ਸੀ.ਬੀ. ਜਾਂ ਅਜਿਹੀ ਕੋਈ ਵੀ ਮਸ਼ੀਨਰੀ ਲਿਜਾਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ ਅਤੇ ਨਾ ਹੀ ਕਿਸੇ ਠੇਕੇਦਾਰ ਨੂੰ ਇਸ ਵਿੱਚੋਂ ਰੇਤਾ ਕੱਢਣ ਦੀ ਇਜਾਜ਼ਤ ਦਿੱਤੀ ਜਾਵੇਗੀ। ਵਿਕਰੀ ਮੁੱਲ ਲੈਣ ਲਈ ਸਰਕਾਰੀ ਮੁਲਾਜ਼ਮ ਮੌਕੇ 'ਤੇ ਮੌਜੂਦ ਰਹਿਣਗੇ ਅਤੇ ਇਸਦੀ ਢੁੱਕਵੀਂ ਰਸੀਦ ਸੌਂਪਣਗੇ।


NEED A LAWYER ??

Red Seal NOTARY

KAUR LAW OFFICE

MANJEET KAUR
LL.B., (London UK)
Barrister, Solicitor & Notary Public

REAL ESTATE LAWYER
- Residential & Commercial
- Sale/Purchase of House
- Mortgage & Refinancing
- Drafting/Reviewing Agreements
- Title Transfer
- 2nd Mortgage

IMMIGRATION
- Skilled Worker Category
- Spousal & Family Sponsorship
- Student Permits Visa & Renewals
- PR Renewal/ Citizenship Application

FAMILY LAWYER
- Child & Spousal support
- Custody & Access
- Divorce
- Equalization

BUSINESS LAW
- Incorporation & Shareholder agreements
- Sales & Purchase of Assets & Shares
- Notarization & Affidavits

WILLS & ESTATE
- Wills
- Certificate of Estate Trustee with/without Will
- Power of attorney for Property & Personal Care

Tel : 905-454-0099
Fax: 905-454-2234
2575 Steeles Ave. E., Unit 1,Brampton, ON L6T 5T1



ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।



ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

Matrimonial
ਰਿਸ਼ਤੇ ਹੀ ਰਿਸ਼ਤੇ

Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202


## ਲੜਕੀ ਦੀ ਲੋੜ

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.


(905)793-2202
You can Place Your Business Here
To Reach Wider Audience
For more info Call 905-793-2202 or e-mail ads@punjabipost.ca


## ਲੜਕੀ ਦੀ ਲੋੜ

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

